ਪੰਜਾਬ ਸਰਕਾਰ

ਉਚੇਰੀ ਸਿੱਖਿਆ ਵਿਭਾਗ

(ਸਿਖਿਆ -1 ਸ਼ਾਖਾ)

ਸੇਵਾ ਵਿਖੇ,

1. ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ।
2. ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।
3. ਵਾਈਸ ਚਾਂਸਲਰ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ।
4. ਵਾਈਸ ਚਾਂਸਲਰ, ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ, ਪਟਿਆਲਾ।
5. ਵਾਈਸ ਚਾਂਸਲਰ, ਸ਼੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ।
6. ਵਾਈਸ ਚਾਂਸਲਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਜਲੰਧਰ।
7. ਵਾਈਸ ਚਾਂਸਲਰ, ਚਿਤਕਾਰਾ ਯੂਨੀਵਰਸਿਟੀ, ਰਾਜਪੁਰਾ ਰੋਡ, ਪਟਿਆਲਾ।
8. ਵਾਈਸ ਚਾਂਸਲਰ, ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ।
9. ਵਾਈਸ ਚਾਂਸਲਰ, ਚੰਡੀਗੜ੍ਹ ਯੂਨੀਵਰਸਿਟੀ, ਘੜੂੰਆਂ, ਮੋਹਾਲੀ।
10. ਵਾਈਸ ਚਾਂਸਲਰ,ਆਦੇਸ਼ ਯੂਨੀਵਰਸਿਟੀ, ਬਠਿੰਡਾ।
11. ਵਾਈਸ ਚਾਂਸਲਰ, ਡੀ.ਏ.ਵੀ. ਯੂਨੀਵਰਸਿਟੀ, ਜਲੰਧਰ।
12. ਵਾਈਸ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ।
13. ਵਾਈਸ ਚਾਂਸਲਰ, ਰਿਆਤ ਬਾਹਰਾ ਯੂਨੀਵਰਸਿਟੀ, ਮੋਹਾਲੀ।
14. ਵਾਈਸ ਚਾਂਸਲਰ, ਜੀ.ਐਨ.ਏ. ਯੂਨੀਵਰਸਿਟੀ, ਕਪੂਰਥਲਾ।
15. ਵਾਈਸ ਚਾਂਸਲਰ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਜਲੰਧਰ।
16. ਵਾਈਸ ਚਾਂਸਲਰ, ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ।
17. ਵਾਈਸ ਚਾਂਸਲਰ,ਸੂਰਿਆ ਵਰਲਡ ਯੂਨੀਵਰਸਿਟੀ, ਰਾਜਪੁਰਾ।
18. ਵਾਈਸ ਚਾਂਸਲਰ, ਰਿਮਟ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ।
19. ਵਾਈਸ ਚਾਂਸਲਰ, ਸ਼੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਅੰਮ੍ਰਿਤਸਰ।
20. ਵਾਈਸ ਚਾਂਸਲਰ, ਸੀ.ਟੀ. ਯੂਨੀਵਰਸਿਟੀ, ਲੁਧਿਆਣਾ।

ਮੀਮੋ ਨੰ: HED-EDU10UNIV/2/2021-4edu1/166-185
ਮਿਤੀ ਚੰਡੀਗੜ੍ਹ: 18.01.2021

**ਵਿਸ਼ਾ** **ਕੋਵਿਡ-19 ਦੇ ਮੱਦੇਨਜ਼ਰ ਪੰਜਾਬ ਰਾਜ ਦੀਆਂ ਯੂਨੀਵਰਸਿਟੀਆਂ ਅਤੇ ਕਾਲਜਾਂ ਨੂੰ ਮੁੜ ਤੋਂ ਖੋਲ੍ਹਣ ਸਬੰਧੀ।**

******

ਉਪਰੋਕਤ ਵਿਸ਼ੇ ਤੇ ਸਰਕਾਰ ਦੇ ਪੱਤਰ ਨੰ: HED10UNIV/65/2020-4EDU/3533/1-20 ਮਿਤੀ 12.11.2020 ਦੀ ਲਗਾਤਾਰਤਾ ਵਿੱਚ।

2. ਪੰਜਾਬ ਸਰਕਾਰ ਵੱਲੋਂ ਸਮੂਹ ਸਰਕਾਰੀ ਅਤੇ ਪ੍ਰਾਈਵੇਟ ਯੂਨੀਵਰਸਿਟਿਆਂ ਸਮੇਤ ਸਰਕਾਰੀ, ਸਹਾਇਤਾ ਪ੍ਰਾਪਤ ਅਤੇ ਗੈਰ ਸਹਾਇਤਾ ਪ੍ਰਾਪਤ ਕਾਲਜ ਨਿਮਨ ਦਰਸਾਈਆਂ ਗਾਈਡਲਾਈਨਜ਼ ਅਨੁਸਾਰ ਮਿਤੀ 21.01.2021 ਤੋਂ ਮੁੜ ਪੂਰਨ ਰੂਪ ਵਿੱਚ ਖੋਲ੍ਹਣ ਦਾ ਫੈਸਲਾ ਲਿਆ ਗਿਆ ਹੈ:-

i. ਵਿਦਿਅਕ ਸੰਸਥਾਵਾਂ ਵੱਲੋਂ ਵਿਦਿਆਰਥੀਆਂ ਦੇ ਹਿੱਤ ਨੂੰ ਧਿਆਨ ਵਿੱਚ ਰੱਖਦੇ ਹੋਏ ਆਫ-ਲਾਈਨ ਅਤੇ ਆਨ-ਲਾਈਨ ਦੋਨੋਂ ਮਾਧਿਅਮ ਰਾਹੀਂ ਪੜ੍ਹਾਈ ਕਰਵਾਈ ਜਾਵੇ ਅਤੇ ਸਮੈਸਟਰ/ਸਾਲਾਨਾ Examinations ਆਫ-ਲਾਈਨ ਮਾਧਿਅਮ ਰਾਹੀਂ ਹੀ ਕੰਡਕਟ ਕਰਵਾਏ ਜਾਣ।

ii. ਵਿਦਿਆਰਥੀਆਂ ਨੂੰ ਆਪਣੀ ਮਰਜੀ ਮੁਤਾਬਕ ਕਲਾਸਾਂ ਲਗਾਉਣ ਦੀ ਖੁੱਲ ਹੋਵੇਗੀ ਅਤੇ ਉਨ੍ਹਾਂ ਤੇ ਕਲਾਸਾਂ ਲਗਾਉਣ ਸਬੰਧੀ ਕਿਸੇ ਪ੍ਰਕਾਰ ਦਾ ਦਬਾਅ ਨਹੀਂ ਬਣਾਇਆ ਜਾਵੇਗਾ।

iii. ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਕੋਵਿਡ-19 ਦੀਆਂ ਹਦਾਇਤਾਂ ਦੀ ਪਾਲ੍ਹਣਾ ਕਰਦੇ ਹੋਏ ਹਾਸਟਲ ਖੋਲ੍ਹੇ ਜਾਣ। ਹਾਸਟਲ ਦਾ ਕਮਰਾ ਪ੍ਰਤੀ ਵਿਦਿਆਰਥੀ ਜਾਂ ਕਮਰੇ ਦੇ ਸਾਇਜ਼ ਅਨੁਸਾਰ ਲੋੜੀਂਦੀ ਡਿਸਟੈਂਸਿੰਗ/ਵਿਦਿਆਰਥੀਆਂ ਦੀ ਸੇਫਟੀ ਨੂੰ ਧਿਆਨ ਵਿੱਚ ਰੱਖਦੇ ਹੋਏ ਅਲਾਟ ਕੀਤਾ ਜਾਵੇ ਅਤੇ ਅਲਾਟਮੈਂਟ ਸਮੇਂ ਤਰਜੀਹ ਫਾਇਨਲ ਸਾਲ ਦੇ ਵਿਦਿਆਰਥੀਆਂ ਨੂੰ ਦਿੱਤੀ ਜਾਵੇ।

iv. ਵਿਦਿਅਕ ਸੰਸਥਾਵਾਂ ਵਿੱਚ ਮੈਸ(Mess)/ਕੰਟੀਨ ਆਦਿ ਸਿਹਤ ਵਿਭਾਗ ਦੀਆਂ ਹਦਾਇਤਾਂ ਦੇ ਮੱਦੇਨਜ਼ਰ (Proper Safety Precautions) ਮੁਕੰਮਲ ਸੁਰੱਖਿਆ ਸਾਵਧਾਨੀਆਂ ਵਰਤਦੇ ਹੋਏ ਲੋੜ ਅਨੁਸਾਰ/ਪੂਰਨ ਰੂਪ ਵਿੱਚ ਖੋਲ੍ਹੇ ਜਾਣ।

v. ਵਿਦਿਆਰਥੀਆਂ ਦੀ ਸੇਫਟੀ ਦੇ ਮੱਦੇਨਜਰ ਯੂਨੀਵਰਸਿਟਿਆਂ ਅਤੇ ਕਾਲਜਾਂ ਵਲੋਂ ਕੇਂਦਰ ਸਰਕਾਰ/ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਅਤੇ ਉਚੇਰੀ ਸਿੱਖਿਆ ਵਿਭਾਗ ਵੱਲੋਂ ਹਵਾਲਾ ਅਧੀਨ ਪੱਤਰ ਰਾਹੀਂ ਕੋਵਿਡ-19 ਦੇ ਚਲਦੇ ਯੂਨੀਵਰਸਿਟੀਆਂ/ਕਾਲਜ ਮੁੜ ਖੋਲ੍ਹਣ ਸਬੰਧੀ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲ੍ਹਣਾ ਕਰਨੀ ਯਕੀਨੀ ਬਣਾਈ ਜਾਵੇਗੀ (ਕਾਪੀ ਨੱਥੀ)।

**(ਪਰਮਜੀਤ ਸਿੰਘ, *ਪੀ.ਸੀ.ਐਸ.*)**
**ਵਿਸ਼ੇਸ਼ ਸਕੱਤਰ ਉਚੇਰੀ ਸਿੱਖਿਆ**

ਪਿ.ਅੰ.ਨੰ: HED-EDU10UNIV/2/2021-4edu1/186 ਮਿਤੀ, ਚੰਡੀਗੜ੍ਹ;18.01.2021

ਉਪਰੋਕਤ ਦਾ ਉਤਾਰਾ ਡੀ.ਪੀ.ਆਈ.(ਕਾ), ਪੰਜਾਬ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਇਸ ਸਬੰਧੀ ਸਮੂਹ ਕਾਲਜਾਂ ਦੇ ਪ੍ਰਿੰਸੀਪਲਾਂ ਨੂੰ ਆਪਣੇ ਪੱਧਰ ਤੇ ਹਦਾਇਤਾਂ ਜਾਰੀ ਕਰਨ ਦੀ ਖੇਚਲ ਕੀਤੀ ਜਾਵੇ।

**(ਪਰਮਜੀਤ ਸਿੰਘ, *ਪੀ.ਸੀ.ਐਸ.*)**
**ਵਿਸ਼ੇਸ਼ ਸਕੱਤਰ ਉਚੇਰੀ ਸਿੱਖਿਆ**

ਨੱਥੀ:- ਯੂਨੀਵਰਸਿਟੀਆਂ/ਕਾਲਜਜ਼ ਮੁੜ ਖੋਲਣ ਸਬੰਧੀ ਉਚੇਰੀ ਸਿੱਖਿਆ ਵਿਭਾਗ ਵੱਲੋਂ ਜਾਰੀ ਡੀਟੇਲਡ ਗਾਇਡਲਾਈਨਜ਼ ਮਿਤੀ 12.11.2020 ਦੀ ਕਾਪੀ।